ਨਵਾਂ ਜ਼ਮਾਨਾ, ਜਲੰਧਰ
ਸ਼ੁੱਕਰਵਾਰ, 10 ਮਾਰਚ 2017



ਬੇਲਾ ਕਾਲਜ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਸਮਾਗਮ ਦੀ ਤਸਵੀਰ

ਰੂਪਨਗਰ (ਖੰਗੂੜਾ)- ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ, ਬੇਲਾ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਸਮਾਗਮ ਕੀਤਾ ਗਿਆ। ਜਿਸ ਵਿੱਚ ਏਸ਼ੀਆ ਗੋਲਡ ਮੈਡਲਿਸਟ ਜੇਤੂ ਪੁਲਿਸ ਕਪਤਾਨ ਸ਼੍ਰੀਮਤੀ ਸੁਰਿੰਦਰਜੀਤ ਕੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਮਹਿਲਾ ਦਿਵਸ ਦੀ ਕਨਵੀਨਰ ਡਾ. ਸਤਵੰਤ ਕੌਰ ਸ਼ਾਹੀ ਨੇ ਇਸ ਦਿਨ 'ਤੇ ਕਾਲਜ ਦੀਆਂ ਵਿਦਿਆਰਥਣਾ ਵੱਲੋਂ ਮਹਿੰਦੀ ਮੁਕਾਬਲੇ, ਲੇਖ ਮੁਕਾਬਲੇ ਬਾਰੇ ਦੱਸਿਆ। ਕਾਲਜ ਕਮੇਟੀ ਦੇ ਸਕੱਤਰ ਦੇਵਿੰਦਰ ਸਿੰਘ ਜਟਾਣਾ ਨੇ ਮੁੱਖ ਮਹਿਮਾਨ ਨੂੰ ਜੀ ਆਇਆਂ ਕਿਹਾ ਅਤੇ ਔਰਤਾਂ ਨੂੰ ਮਹਿਲਾ ਦਿਵਸ ਦੀ ਸ਼ੁਰੂਆਤੀ ਸੋਚ ਜਿਸ ਵਿੱਚ ਆਰਥਿਕ ਸ਼ੋਸ਼ਣ ਅਤੇ ਸਮਜਿਕ ਨਾ ਬਰਾਬਰੀ ਵਿਰੁੱਧ ਆਵਾਜ਼ ਉਠਾਈ ਗਈ ਸੀ ਵੱਲ ਉਚੇਚਾ ਧਿਆਨ ਦੇਣ ਲਈ ਕਿਹਾ। ਪ੍ਰੋ. ਮਮਤਾ ਅਰੋੜਾ ਨੇ ਜ਼ੀਰੋ ਤੋਂ ਉੱਠ ਕੇ ਸੰਸਾਰ ਪ੍ਰਸਿੱਧੀ ਹਾਸਲ ਕਰਨ ਵਾਲੀਆਂ ਮਹਿਲਾਵਾਂ ਦੀ ਚਰਚਾ ਕੀਤੀ। ਡਾ.ਹਰਪ੍ਰੀਤ ਕੌਰ ਅਤੇ ਪ੍ਰੋ. ਬੱਲਪ੍ਰੀਤ ਕੌਰ ਨੇ ਵੀ ਵਿਚਾਰਾਂ ਦੀ ਸਾਂਝ ਪਾਈ। ਸ਼੍ਰੀਮਤੀ ਸੁਰਿੰਦਰਜੀਤ ਕੌਰ ਪੁਲਿਸ ਕਪਤਾਨ ਨੇ ਬਹੁਤ ਬੇਬਾਕੀ ਨਾਲ ਔਰਤਾਂ ਨੂੰ ਦਰਪੇਸ਼ ਮੱਸਿਆਵਾਂ ਤੇ ਉਹਨਾਂ ਦਾ ਸਾਹਮਣਾ ਕਰਨ ਦੇ ਆਪਣੇ ਤਜਰਬੇ ਸਾਂਝੇ ਕੀਤੇ। ਪ੍ਰਿੰਸੀਪਲ ਸੁਰਮੁੱਖ ਸਿੰਘ ਅਤੇ ਕਾਲਜ ਦੇ ਮਹਿਲਾ ਸੈੱਲ ਨੇ ਮੁੱਖ ਮਹਿਮਾਨ ਨੂੰ ਮਮੈਂਟੋ ਦੇ ਕੇ ਸਨਮਾਨਤ ਕੀਤਾ। ਇਸ ਦਿਨ ਉੱਤੇ ਮੈਨੇਜਰ ਸੁਖਵਿੰਦਰ ਸਿੰਘ ਵਿਸਕੀ ਨੇ ਵੀ ਸ਼ੁਭ ਇੱਛਾਵਾਂ ਭੇਂਟ ਕੀਤੀਆਂ। ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਪ੍ਰੋ. ਰਮਨਦੀਪ ਕੌਰ, ਡਾ. ਸੁਰਜੀਤ ਕੌਰ, ਪ੍ਰੋ. ਗਗਨਦੀਪ ਕੌਰ, ਪ੍ਰੋ. ਇਸ਼ੂ ਬਾਲਾ ਆਦਿ ਸ਼ਾਮਿਲ ਸਨ।